# ਅਨੰਦੁ ਸਾਹਿਬ

## ਰਾਮਕਲੀ ਮਹਲਾ ੩

**LESSON :3**

**ਵਾਜੇ ਪੰਚ ਸਬਦ ਤਿਤੁ ਘਰਿ ਸਭਾਗੈ ॥ SGGS 917**

## ਵਾਜੇ ਪੰਚ ਸਬਦ ਤਿਤੁ ਘਰਿ ਸਭਾਗੈ ॥

**vāje pancẖ sabaḏ ṯiṯ gẖar sabẖāgai.**

**The Panch Shabad, the five primal sounds, vibrate in that blessed house.**

ਵਾਜੇ = ਵੱਜਦੇ ਹਨ, ਵੱਜੇ ਹਨ। ਪੰਚ ਸਬਦ = ਪੰਜ ਕਿਸਮਾਂ ਦੇ ਸਾਜ਼ਾਂ ਦੀਆਂ ਮਿਲਵੀਆਂ ਸੁਰਾਂ। ਤਿਤੁ = ਉਸ ਵਿਚ। ਤਿਤੁ ਘਰਿ = ਉਸ ਹਿਰਦੇ-ਘਰਿ ਵਿਚ। ਉਸ ਭਾਗਾਂ ਵਾਲੇ (ਹਿਰਦੇ-) ਘਰ ਵਿਚ (ਮਾਨੋ) ਪੰਜ ਕਿਸਮਾਂ ਦੇ ਸਾਜ਼ਾਂ ਦੀਆਂ ਮਿਲਵੀਆਂ ਸੁਰਾਂ ਵੱਜ ਪੈਂਦੀਆਂ ਹਨ,

## ਘਰਿ ਸਭਾਗੈ ਸਬਦ ਵਾਜੇ ਕਲਾ ਜਿਤੁ ਘਰਿ ਧਾਰੀਆ ॥

**Gẖar sabẖāgai sabaḏ vāje kalā jiṯ gẖar ḏẖārīṯā.**

**In that blessed house, the Shabad vibrates; He infuses His almighty power into it.**

ਤਿਤੁ ਸਭਾਗੈ ਘਰਿ = ਉਸ ਭਾਗਾਂ ਵਾਲੇ (ਹਿਰਦੇ-) ਘਰ ਵਿਚ। ਕਲਾ = ਸੱਤਿਆ। ਜਿਤੁ ਘਰਿ = ਜਿਸ ਘਰ ਵਿਚ। ਧਾਰੀਆ = ਤੂੰ ਪਾਈ ਹੈ।
ਜਿਸ (ਹਿਰਦੇ-) ਘਰ ਵਿਚ (ਹੇ ਪ੍ਰਭੂ! ਤੂੰ) ਸੱਤਿਆ ਪਾਈ ਹੈ, ਉਸ ਭਾਗਾਂ ਵਾਲੇ (ਹਿਰਦੇ-) ਘਰ ਵਿਚ (ਮਾਨੋ) ਪੰਜ ਕਿਸਮਾਂ ਦੇ ਸਾਜ਼ਾਂ ਦੀਆਂ ਮਿਲਵੀਆਂ ਸੁਰਾਂ ਵੱਜ ਪੈਂਦੀਆਂ ਹਨ (ਭਾਵ, ਉਸ ਹਿਰਦੇ ਵਿਚ ਪੂਰਨ ਆਨੰਦ ਬਣ ਜਾਂਦਾ ਹੈ),

ਸਾਈ ਵਸਤੁ ਪਰਾਪਤਿ ਹੋਈ ਜਿਸੁ ਸੇਤੀ ਮਨੁ ਲਾਇਆ।।
ਅਨਦਿਨੁ ਮੇਲ ਭਇਆ ਮਨੁ ਮਾਨਿਆ ਘਰ ਮੰਦਰ ਸੋਹਾਏ।।ਪੰਚ ਸਬਦ ਧੁਨਿ ਅਨਹਦ ਵਾਜੇ ਹਮ ਘਰਿ ਸਾਜਨ ਆਏ।।
ਅੰਗ੭੬੪

**ਪੰਚ ਦੂਤ ਤੁਧੁ ਵਸਿ ਕੀਤੇ ਕਾਲੁ ਕੰਟਕੁ ਮਾਰਿਆ ॥**

**Panch ḏūṯ ṯuḏh vas kīṯe kāl kantak māri▫ā.**

**Through You, we subdue the five demons of desire, and slay Death, the torturer.**

**ਪੰਚ ਦੂਤ = ਕਾਮਾਦਿਕ ਪੰਜ ਵੈਰੀ। ਕੰਟਕੁ = ਕੰਡਾ। ਕੰਟਕੁ ਕਾਲੁ = ਡਰਾਉਣਾ ਕਾਲ, ਮੌਤ ਦਾ ਡਰ।**

**(ਹੇ ਪ੍ਰਭੂ!) ਉਸ ਦੇ ਪੰਜੇ ਕਾਮਾਦਿਕ ਵੈਰੀ ਤੂੰ ਕਾਬੂ ਵਿਚ ਕਰ ਦੇਂਦਾ ਹੈਂ, ਤੇ ਡਰਾਣ ਵਾਲਾ ਕਾਲ (ਭਾਵ, ਮੌਤ ਦਾ ਡਰ) ਦੂਰ ਕਰ ਦੇਂਦਾ ਹੈਂ।**



## ਧੁਰਿ ਕਰਮਿ ਪਾਇਆ ਤੁਧੁ ਜਿਨ ਕਉ ਸਿ ਨਾਮਿ ਹਰਿ ਕੈ ਲਾਗੇ ॥

**D̲hur karam pāiā ṯuḏẖ jin ka▫o sė nām har kai lāge.**
**Those who have such pre-ordained destiny are attached to the Lord's Name.**
ਧੁਰਿ = ਧੁਰ ਤੋਂ। ਕਰਮਿ = ਮੇਹਰ ਨਾਲ। ਸਿ = ਸੇ, ਉਹ ਬੰਦੇ।
ਪਰ ਸਿਰਫ਼ ਉਹੀ ਮਨੁੱਖ ਹਰਿ-ਨਾਮ ਵਿਚ ਜੁੜਦੇ ਹਨ ਜਿਨ੍ਹਾਂ ਦੇ ਭਾਗਾਂ ਵਿਚ ਤੂੰ ਧੁਰ ਤੋਂ ਹੀ ਆਪਣੀ ਮੇਹਰ ਨਾਲ (ਸਿਮਰਨ ਦਾ ਲੇਖ ਲਿਖ ਕੇ) ਰੱਖ ਦਿੱਤਾ ਹੈ।

## ਕਹੈ ਨਾਨਕੁ ਤਹ ਸੁਖੁ ਹੋਆ ਤਿਤੁ ਘਰਿ ਅਨਹਦ ਵਾਜੇ ॥੫॥

**Kahai Nānak ṯah sukẖ hoā ṯiṯ gẖar anhaḏ vāje. ||5||**
**Says Nanak, they are at peace, and the unstruck sound current vibrates within their homes. ||5||**
ਅਨਹਦ = ਅਨ-ਹਦ, ਬਿਨਾ ਵਜਾਏ ਵੱਜਣ ਵਾਲੇ॥੫॥
ਨਾਨਕ ਆਖਦਾ ਹੈ ਕਿ ਉਸ ਹਿਰਦੇ-ਘਰ ਵਿਚ ਸੁਖ ਪੈਦਾ ਹੁੰਦਾ ਹੈ, ਉਸ ਹਿਰਦੇ ਵਿਚ (ਮਾਨੋ) ਇਕ-ਰਸ (ਵਾਜੇ) ਵੱਜਦੇ ਹਨ ॥੫॥



## **ਸਾਚੀ ਲਿਵੈ ਬਿਨੁ ਦੇਹ ਨਿਮਾਣੀ ॥**

**Sācẖī livai bin ḏeh nimāṇī.**

**Without the true love of devotion, the body is without honor.**

**ਸਾਚੀ ਲਿਵ = ਸੱਚੀ ਲਗਨ, ਸਦਾ ਕਾਇਮ ਰਹਿਣ ਵਾਲੀ ਲਗਨ, ਸਦਾ-ਥਿਰ ਪ੍ਰਭੂ ਨਾਲ ਪ੍ਰੀਤ। ਦੇਹ = ਸਰੀਰ। ਨਿਮਾਣੀ = ਨਿਆਸਰੀ ਜੇਹੀ, ਹੌਲੇ ਮੇਲ ਦੀ।**

**ਸਦਾ-ਥਿਰ ਪ੍ਰਭੂ ਦੇ ਚਰਨਾਂ ਦੀ ਲਗਨ (ਦੇ ਆਨੰਦ) ਤੋਂ ਬਿਨਾ ਇਹ (ਮਨੁੱਖਾ) ਸਰੀਰ ਨਿਆਸਰਾ ਜੇਹਾ ਹੀ ਰਹਿੰਦਾ ਹੈ।**

## **ਦੇਹ ਨਿਮਾਣੀ ਲਿਵੈ ਬਾਝਹੁ ਕਿਆ ਕਰੇ ਵੇਚਾਰੀਆ ॥**

**Ḏeh nimāṇī livai bājẖahu ki▫ā kare vecẖārī▫ā.**

**The body is dishonored without devotional love; what can the poor wretches do?**

**ਕਿਆ ਕਰੇ = ਕੀਹ ਕਰਦੀ ਹੈ? ਜੋ ਕੁਝ ਕਰਦੀ ਹੈ ਨਕਾਰੇ ਕੰਮ ਹੀ ਕਰਦੀ ਹੈ।**

**ਪ੍ਰਭੂ-ਚਰਨਾਂ ਦੀ ਪ੍ਰੀਤ ਤੋਂ ਬਿਨਾ ਨਿਆਸਰਾ ਹੋਇਆ ਹੋਇਆ ਇਹ ਸਰੀਰ ਜੋ ਕੁਝ ਭੀ ਕਰਦਾ ਹੈ ਨਕਾਰੇ ਕੰਮ ਹੀ ਕਰਦਾ ਹੈ।**



ਤੁਧੁ ਬਾਝੁ ਸਮਰਥ ਕੋਇ ਨਾਹੀ ਕ੍ਰਿਪਾ ਕਰਿ ਬਨਵਾਰੀਆ ॥

**Ŧuḏẖ bājẖ samrath ko▫e nāhī kirpā kar banvārī▫ā.**

**No one except You is all-powerful; please bestow Your Mercy, O Lord of all nature.**

ਬਨਵਾਰੀ = ਹੇ ਜਗਤ-ਵਾੜੀ ਦੇ ਮਾਲਕ!

ਹੇ ਜਗਤ ਦੇ ਮਾਲਕ! ਤੂੰ ਹੀ ਕਿਰਪਾ ਕਰ! (ਤਾ ਕਿ ਇਹ ਗੁਰੂ ਦੇ ਸ਼ਬਦ ਵਿਚ ਲੱਗ ਕੇ ਸੁਧਰ ਜਾਏ) ਕੋਈ ਹੋਰ ਇਸ ਨੂੰ ਸੁਚੱਜੇ ਪਾਸੇ ਲਾਣ ਜੋਗਾ ਹੀ ਨਹੀਂ।

ਏਸ ਨਉ ਹੋਰੁ ਥਾਉ ਨਾਹੀ ਸਬਦਿ ਲਾਗਿ ਸਵਾਰੀਆ ॥

**Ės na▫o hor thā▫o nāhī sabaḏ lāg savārī▫ā.**

**There is no place of rest, other than the Name; attached to the Shabad, we are embellished with beauty.**

ਸਵਾਰੀਆ = ਸੁਚੱਜੇ ਪਾਸੇ ਲਾਈ ਜਾ ਸਕਦੀ ਹੈ।

ਤੈਥੋਂ ਬਿਨਾ ਕੋਈ ਹੋਰ ਥਾਂ ਨਹੀਂ ਜਿਥੇ ਇਹ ਸਰੀਰ ਸੁਚੱਜੇ ਪਾਸੇ ਲੱਗ ਸਕੇ। (ਤੇਰੀ ਕ੍ਰਿਪਾ ਨਾਲ ਹੀ) ਇਹ ਗੁਰੂ ਦੇ ਸ਼ਬਦ ਵਿਚ ਲੱਗ ਕੇ ਸੁਧਰ ਸਕਦਾ ਹੈ।



ਕਹੈ ਨਾਨਕੁ ਲਿਵੈ ਬਾਝਹੁ ਕਿਆ ਕਰੇ ਵੇਚਾਰੀਆ ॥੬॥

**Kahai Nānak livai bājẖahu ki▫ā kare vecẖārī▫ā. ||6||**

**Says Nanak, without devotional love, what can the poor wretches do? ||6||**

ਵੇਚਾਰੀਆ = ਪਰ-ਅਧੀਨ, ਨਿਮਾਣੀ ਜਿਹੀ॥੬॥

ਨਾਨਕ ਆਖਦਾ ਹੈ ਕਿ ਪ੍ਰਭੂ-ਚਰਨਾਂ ਦੀ ਪ੍ਰੀਤ ਤੋਂ ਬਿਨਾ ਇਹ ਸਰੀਰ ਪਰ-ਅਧੀਨ (ਭਾਵ, ਮਾਇਆ ਦੇ ਪ੍ਰਭਾਵ ਹੇਠ) ਹੈ ਤੇ ਜੋ ਕੁਝ ਕਰਦਾ ਹੈ ਨਿਕੰਮਾ ਕੰਮ ਹੀ ਕਰਦਾ ਹੈ ॥੬॥




TAKE
ME
HOME